# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 20:30

**ਮਿਤੀ :01-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼ "ਰਿਫਾਰਮ ਐਕਸਪ੍ਰੈਸ" 'ਤੇ ਤੇਜ਼ੀ ਨਾਲ ਅੱਗੇ ਵਧ ਰਿਹਾ ਏ, ਉਨ੍ਹਾਂ ਨਵੀਂ ਦਿੱਲੀ ਵਿੱਚ ਯੂ ਪੀ ਐਸ ਸੀ ਦੇ ਸ਼ਤਾਬਦੀ ਸਮਾਰੋਹ ਨੂੰ ਸੰਬੋਧਨ ਕੀਤਾ।

- ਸਰਕਾਰ ਵਲੋਂ ਦਿਵਯਾਂਗਜਨ ਅਤੇ PwD ਵਾਹਨਾਂ ਲਈ ਛੋਟ ਵਾਲੇ FASTags ਜਾਰੀ ਕਰਨ ਲਈ ਦਿਸ਼ਾ-ਨਿਰਦੇਸ਼ਾਂ ‘ਚ ਸੋਧ ਕੀਤੀ ਗਈ ਏ.

- ਭਾਰਤੀ ਸੁਰੱਖਿਆ ਏਜੰਸੀਆਂ ਨੇ ਹਰਵਿੰਦਰ ਕੁਮਾਰ ਉਰਫ਼ ਸੋਨੂੰ ਬਰਨਾਲਾ ਨੂੰ ਭਾਰਤ ਵਾਪਿਸ ਲਿਆਉਣ ਵਿੱਚ ਸਫਲਤਾ ਹਾਸਿਲ ਕੀਤੀ ਏ ।

- ਕੇਂਦਰੀ ਸਿੱਖਿਆ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਹਾ ਏ ਕਿ ਵਿਦਿਆਰਥੀ, ਇੱਕ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ.

- ਭਾਰਤ ਨੇ ਅੱਜ ਜਾਪਾਨ ਏਸ਼ਿਆਈ ਖੇਡਾਂ ਵਿੱਚ ਦੋ ਚਾਂਦੀ ਦੇ ਅਤੇ ਤਿੰਨ ਕਾਂਸੀ ਦੇ ਤਮਗੇ ਜਿੱਤੇ ਨੇ.

### *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼ "ਰਿਫਾਰਮ ਐਕਸਪ੍ਰੈਸ" 'ਤੇ ਤੇਜ਼ੀ ਨਾਲ ਅੱਗੇ ਵਧ ਰਿਹਾ ਏ, ਅਤੇ ਪ੍ਰੀਖਿਆ ਸੰਚਾਲਨ ਕਰਨ ਵਾਲੀਆਂ ਸੰਸਥਾਵਾਂ ਨੂੰ ਵੀ ਦੇਸ਼ ਨੂੰ ਲੋੜੀਂਦੇ ਸੁਧਾਰਾਂ 'ਤੇ ਕੰਮ ਕਰਨਾ ਚਾਹੀਦਾ ਏ। ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਕੇਂਦਰੀ ਲੋਕ ਸੇਵਾ ਕਮਿਸ਼ਨ ਦੇ ਸ਼ਤਾਬਦੀ ਸਮਾਰੋਹ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਪ੍ਰੀਖਿਆਵਾਂ ਨੂੰ ਸਿਰਫ਼ ਇੱਕ ਆਯੋਜਨ ਨਹੀਂ ਸਮਝਣਾ ਚਾਹੀਦਾ, ਕਿਉਂਕਿ ਇਹ ਨੌਜਵਾਨਾਂ ਦੇ ਭਵਿੱਖ ਨਾਲ ਜੁੜੀਆਂ ਹੋਈਆਂ ਨੇ -

byte

ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਮੰਤਰ "ਨਾਗਰਿਕ ਦੇਵੋ ਭਵ" ਏ। ਉਨ੍ਹਾਂ ਅੱਗੇ ਕਿਹਾ ਕਿ"ਵਿਕਸਿਤ ਭਾਰਤ" ਲਈ ਦੇਸ਼ ਨੂੰ ਜਿਸ ਤਰ੍ਹਾਂ ਦੇ ਪ੍ਰਸ਼ਾਸਨ ਦੀ ਜ਼ਰੂਰਤ ਏ, ਉਸ ਨੂੰ ਯੂ.ਪੀ.ਐਸ.ਸੀ ਅਤੇ

ਰਾਜ ਲੋਕ ਸੇਵਾ ਕਮਿਸ਼ਨ ਵਰਗੀਆਂ ਸੰਸਥਾਵਾਂ, ਕਾਫੀ ਹਦ ਤਕ ਸੰਭਵ ਬਣਾਉਣਗੀਆਂ.

---------------------------------------------------------

ਸਰਕਾਰ ਨੇ ਯੋਗ ਦਿਵਿਆਂਗ ਵਿਅਕਤੀਆਂ ਲਈ ਛੋਟ ਵਾਲੇ FASTags ਜਾਰੀ ਕਰਨ ਅਤੇ ਨਵਿਆਉਣ ਲਈ ਦਿਸ਼ਾ-ਨਿਰਦੇਸ਼ਾਂ ਨੂੰ ਸੋਧਿਆ ਏ । ਇਸ ਸੋਧ ਦਾ ਉਦੇਸ਼ ਰਾਸ਼ਟਰੀ ਸ਼ਾਹਰਾਹ ਟੋਲ ਪ੍ਰਣਾਲੀ ਨੂੰ ਯੋਗ ਦਿਵਿਆਂਗ ਵਿਅਕਤੀਆਂ ਲਈ ਵਧੇਰੇ ਪਹੁੰਚਯੋਗ, ਪਾਰਦਰਸ਼ੀ ਅਤੇ ਵਰਤੋਂਕਾਰਾਂ ਪ੍ਰਤੀ ਸੁਖਾਵਾਂ ਬਣਾਉਣਾ ਏ । ਦਿਸ਼ਾ-ਨਿਰਦੇਸ਼ਾਂ ਤਹਿਤ, ਛੋਟ ਵਾਲੇ FASTags ਵਿਸ਼ੇਸ਼ ਤੌਰ 'ਤੇ ਸਰੀਰਕ ਤੌਰ ‘ਤੇ ਦਿਵਿਆਂਗ ਵਿਅਕਤੀਆਂ ਵਲੋਂ ਵਰਤੋਂ ਲਈ ਤਿਆਰ ਕੀਤੇ ਗਏ ਅਤੇ "ਦਿਵਯਾਂਗਜਨ" ਮਾਲਕੀ ਸ਼੍ਰੇਣੀ ਅਧੀਨ ਰਜਿਸਟਰਡ ਵਾਹਨਾਂ ਨੂੰ ਜਾਰੀ ਕੀਤੇ ਜਾਣਗੇ। ਇਹ ਸਹੂਲਤ ਇੱਕ ਵੈਧ ਦਿਵਿਆਂਗਤਾ ਪ੍ਰਮਾਣਪੱਤਰ, ਵਿਲੱਖਣ ਦਿਵਿਆਂਗਤਾ ਪਛਾਣ ਪੱਤਰ ਕਾਰਡ, ਜਾਂ ਹੋਰ ਲਾਗੂ ਦਸਤਾਵੇਜ਼ਾਂ ਵਿੱਚ ਦਰਜ ਦਿਵਿਆਂਗਤਾ ਦੀ ਫ਼ੀਸਦ ਦੇ ਅਧਾਰ ਤੇ ਦਿੱਤੀ ਜਾਵੇਗੀ। ਇਹ ਦਿਸ਼ਾ-ਨਿਰਦੇਸ਼ ਕੱਲ੍ਹ ਤੋਂ ਲਾਗੂ ਹੋਣਗੇ। ਸੜ੍ਹਕ ਆਵਾਜਾਈ ਅਤੇ ਸ਼ਾਹਰਾਹ ਮੰਤਰਾਲੇ ਨੇ ਕਿਹਾ ਏ ਕਿ ਇਹ ਸੋਧ ਨਿਰਧਾਰਤ ਨੇਮਾਂ ਅਤੇ ਯੋਗਤਾ ਮਾਪਦੰਡਾਂ ਮੁਤਾਬਿਕ ਟੋਲ ਛੋਟਾਂ ਨੂੰ ਜਾਰੀ ਰੱਖਣ ਵਿੱਚ ਮਦਦ ਕਰੇਗੀ.

---

ਭਾਰਤੀ ਸੁਰੱਖਿਆ ਏਜੰਸੀਆਂ ਨੇ ਹਰਵਿੰਦਰ ਕੁਮਾਰ ਉਰਫ਼ ਸੋਨੂੰ ਬਰਨਾਲਾ ਨੂੰ ਭਾਰਤ ਵਾਪਿਸ ਲਿਆਉਣ ਵਿੱਚ ਸਫਲਤਾ ਹਾਸਿਲ ਕੀਤੀ ਏ । ਹਰਵਿੰਦਰ ਕੁਮਾਰ 'ਤੇ ਪੰਜਾਬ ਦੇ ਨੰਗਲ ਵਿੱਚ ਵਿਸ਼ਵ ਹਿੰਦੂ ਪ੍ਰੀਸ਼ਦ-ਵੀਐਚਪੀ ਆਗੂ ਵਿਕਾਸ ਪ੍ਰਭਾਕਰ ਦਾ ਕਤਲ ਕਰਨ ਦਾ ਇਲ੍ਜ਼ਾਮ ਏ । ਗ੍ਰਹਿ ਮੰਤਰਾਲੇ ਨੇ ਕਿਹਾ ਕਿ ਵੀ.ਐਚ.ਪੀ. ਆਗੂ ਦੀ ਹੱਤਿਆ, ਦਹਿਸ਼ਤਗਰਦ ਜਥੇਬੰਦੀ, ਬੱਬਰ ਖਾਲਸਾ ਇੰਟਰਨੈਸ਼ਨਲ ਦੇ ਇੱਕ ਗੁਟ ਨੇ ਪਾਕਿਸਤਾਨ ਵਿੱਚ ਸਥਿਤ ਸੰਗਠਨ ਦੇ ਮੁਖੀ ਵਾਧਵਾ ਸਿੰਘ ਉਰਫ਼ ਬੱਬਰ ਦੇ ਇਸ਼ਾਰੇ 'ਤੇ ਫਿਰਕੂ ਅਸ਼ਾਂਤੀ ਫੈਲਾਉਣ ਲਈ ਕੀਤੀ ਸੀ। ਸੰਯੁਕਤ ਅਰਬ ਅਮੀਰਾਤ ਵਿੱਚ ਰਹਿੰਦਾ ਸੋਨੂੰ ਬਰਨਾਲਾ ਇੱਕ ਭਗੌੜਾ ਸੀ ਜਿਸ ਵਿਰੁੱਧ ਰੈੱਡ ਕਾਰਨਰ ਨੋਟਿਸ ਜਾਰੀ ਕੀਤਾ ਗਿਆ ਸੀ। ਭਾਰਤੀ ਏਜੰਸੀਆਂ ਦੀ ਬੇਨਤੀ 'ਤੇ, ਯੂ.ਏ.ਈ. ਅਧਿਕਾਰੀਆਂ ਨੇ ਉਸਨੂੰ ਭਾਰਤ ਹਵਾਲੇ ਕਰ ਦਿੱਤਾ। ਦਹਿਸ਼ਤਗਰਦੀ ਵਿਰੁੱਧ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਦੇ ਹਿੱਸੇ ਵਜੋਂ, ਗ੍ਰਹਿ ਮੰਤਰਾਲੇ ਨੇ ਪ੍ਰਹਾਰ ਪਹਿਲਕਦਮੀ ਸ਼ੁਰੂ ਕੀਤੀ ਏ ਜਿਸ ਤਹਿਤ ਦਹਿਸ਼ਤਗਰਦਾਂ ਨੂੰ ਭਾਰਤ ਵਾਪਿਸ ਲਿਆਉਣ ਦੀ ਪ੍ਰਕਿਰਿਆ ਨੂੰ ਤੇਜ਼ ਕਰ ਦਿੱਤਾ ਗਿਆ ਏ ।

-----------------------------------------------------------

ਸੰਯੁਕਤ ਅਰਬ ਅਮੀਰਾਤ ਦੇ ਅਟਾਰਨੀ ਜਨਰਲ ਨੇ FLY DUBAI ਦੀ ਉਡਾਣ FZ-1073 ਨਾਲ ਸੰਬੰਧਿਤ ਘਟਨਾ ਦੀ ਜਾਂਚ ਦੇ ਹੁਕਮ ਦਿੱਤੇ ਨੇ. ਜਹਾਜ਼ ਬੁੱਧਵਾਰ ਨੂੰ ਦੁਬਈ ਤੋਂ ਤੇਲ ਅਵੀਵ ਜਾ ਰਿਹਾ ਸੀ ਪਰ ਇਸਦਾ ਰਾਹ ਬਦਲ ਕੇ ਸਾਊਦੀ ਅਰਬ ਦੇ ਤਾਬੂਕ ਵਿੱਚ ਸੁਰੱਖਿਅਤ ਉਤਾਰਿਆ ਗਿਆ। ਜਾਂਚ ਵਿਚ ਘਟਨਾ ਦੇ ਆਲੇ ਦੁਆਲੇ ਦੇ ਤੱਥਾਂ ਅਤੇ ਹਾਲਾਤ ਦੀ ਘੋਖ ਕੀਤੀ ਜਾਏਗੀ । ਇਹ ਜਾਂਚ ਵੀ ਕੀਤੀ ਜਾਏਗੀ ਕਿ ਕੀ ਇਹ ਘਟਨਾ ਕਿਸੇ ਦਹਿਸ਼ਤਗਰਦ ਗਤੀਵਿਧੀ ਨਾਲ ਜੁੜੀ ਹੋਈ ਸੀ ਜਾਂ ਪਹਿਲਾਂ ਤੋਂ ਯੋਜਨਾਬੱਧ ਸੀ। FLY DUBAI ਮੁਤਾਬਿਕ, ਉਡਾਣ ਦੌਰਾਨ ਕਾਕਪਿਟ ਵਿੱਚ ਇੱਕ ਵਿਵਾਦ ਹੋਇਆ, ਜਿਸ ਤੋਂ ਬਾਅਦ ਚਾਲਕ ਦਲ ਦੇ ਮੈਂਬਰਾਂ ਨੇ ਦਖਲ ਦਿੱਤਾ ਅਤੇ ਜਹਾਜ਼ ਨੂੰ ਸੁਰੱਖਿਅਤ ਕਰ ਲਿਆ। ਅਮੀਰਾਤ ਖਬਰ ਏਜੰਸੀ ਮੁਤਾਬਿਕ, ਜਹਾਜ਼, ਸੰਯੁਕਤ ਅਰਬ ਅਮੀਰਾਤ ਵਿੱਚ ਰਜਿਸਟਰਡ ਏ ਅਤੇ ਅਮੀਰਾਤੀ ਝੰਡੇ ਵਾਲਾ ਏ. ਇਸ ਕਰਕੇ, ਯੂਏਈ ਦੇ ਨਿਆਂਇਕ ਅਧਿਕਾਰੀਆਂ ਕੋਲ ਹਵਾਈ ਜਹਾਜ਼ ਵਿੱਚ ਹੋਏ ਅਪਰਾਧਾਂ ਦੀ ਜਾਂਚ ਕਰਨ ਦਾ ਅਧਿਕਾਰ ਖੇਤਰ ਏ । ਇਸ ਦੌਰਾਨ, ਯੂਏਈ ਵਿੱਚ ਭਾਰਤੀ ਰਾਜਦੂਤ, ਡਾ. ਦੀਪਕ ਮਿੱਤਲ, ਅਤੇ ਦੁਬਈ ਵਿੱਚ ਭਾਰਤੀ ਕੌਂਸਲ ਜਨਰਲ, ਡਾ. ਈ. ਵਿਸ਼ਨੂੰ ਵਰਧਨ ਰੈਡੀ, ਕੈਪਟਨ ਸਮਿਤ ਮਛਾਰ ਦੇ ਪਰਿਵਾਰ ਨਾਲ ਮਿਲੇ ਅਤੇ ਉਨ੍ਹਾਂ ਨੂੰ ਕਪਤਾਨ ਦੀ ਸਿਹਤ ਅਤੇ ਠੀਕ ਹੋਣ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਭਾਰਤੀ ਦੂਤਘਰ ਅਤੇ ਕੌਂਸਲਖਾਨਾ, ਅਮੀਰਾਤ ਦੇ

ਅਧਿਕਾਰੀਆਂ ਨਾਲ ਲਗਾਤਾਰ ਸੰਪਰਕ ਵਿੱਚ ਨੇ ਅਤੇ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਦੇ ਰਹਿਣਗੇ । ਘਟਨਾ ਦੌਰਾਨ ਗੰਭੀਰ ਜ਼ਖਮੀ ਹੋਣ ਦੇ ਬਾਵਜੂਦ, ਕੈਪਟਨ ਮਛਾਰ ਨੇ ਕਾਕਪਿਟ ਦਾ ਦਰਵਾਜ਼ਾ ਖੋਲ੍ਹ ਦਿੱਤਾ। ਮੁਸਾਫ਼ਿਰਾਂ ਅਤੇ ਚਾਲਕ ਦਲ ਦੇ ਮੈਂਬਰਾਂ ਨੇ ਫਿਰ ਹਮਲਾਵਰ ਨੂੰ ਕਾਬੂ ਕਰ ਲਿਆ, ਜਿਸ ਨਾਲ ਇੱਕ ਵੱਡਾ ਜਹਾਜ਼ ਹਾਦਸਾ ਹੋਣ ਤੋਂ ਬਚਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ- ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ ਏ ਕਿ ਦੇਸ਼ ਨੂੰ ਕੈਪਟਨ ਸਮਿਤ ਮਛਾਰ 'ਤੇ ਮਾਣ ਏ. ਪ੍ਰਧਾਨ ਮੰਤਰੀ ਨੇ ਅੱਜ ਕੈਪਟਨ ਸਮਿਤ ਮਛਾਰ ਦੀ ਪਤਨੀ ਅਤੇ ਮਾਪਿਆਂ ਨਾਲ ਗੱਲਬਾਤ ਕੀਤੀ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤੀ ਮਿਸ਼ਨ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੇ ਨੇ-

byte

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਕਿਹਾ ਕਿ ਮਹਾਤਮਾ ਗਾਂਧੀ ਦਾ ਸ਼ਾਂਤੀ ਅਤੇ ਅਹਿੰਸਾ ਦਾ ਸੰਦੇਸ਼ ਦੁਨੀਆ ਦੇ ਕਈ ਹਿੱਸਿਆਂ ਵਿੱਚ ਚੱਲ ਰਹੀ ਜੰਗ ਅਤੇ ਸੰਘਰਸ਼ ਦੇ ਮਾਹੌਲ ਵਿੱਚ ਹੋਰ ਵੀ ਪ੍ਰਸੰਗਿਕ ਹੋ ਗਿਆ ਏ । ਗਾਂਧੀ ਜਯੰਤੀ ਤੋਂ ਪਹਿਲਾਂ ਦੀ ਸ਼ਾਮ ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਮੁਰਮੂ ਨੇ ਰਾਸ਼ਟਰਪਿਤਾ ਨੂੰ ਉਨ੍ਹਾਂ ਦੀ 157ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ।

---------------------------------------------------

ਕੱਲ੍ਹ ਗਾਂਧੀ ਜਯੰਤੀ ਦੇ ਮੌਕੇ 'ਤੇ ਦੇਸ਼ ਭਰ ਵਿੱਚ ਵਿਸ਼ੇਸ਼ ਗ੍ਰਾਮ ਸਭਾਵਾਂ ਹੋਣਗੀਆਂ। ਇਨ੍ਹਾਂ ਮੀਟਿੰਗਾਂ ਵਿੱਚ ਦਿਹਾਤੀ ਭਾਰਤ ਵਿੱਚ ਪੰਚਾਇਤੀ ਰਾਜ ਨੂੰ ਮਜ਼ਬੂਤ ਕਰਨ, ਜਨਤਕ ਸੇਵਾਵਾਂ ਨੂੰ ਬਿਹਤਰ ਬਣਾਉਣ ਅਤੇ ਪਿੰਡਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਪ੍ਰਸ਼ਾਸਕੀ ਸੁਧਾਰਾਂ 'ਤੇ ਚਰਚਾ ਕੀਤੀ ਜਾਵੇਗੀ।

---------------------------------------------------------

ਕੇਂਦਰੀ ਸਿੱਖਿਆ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਹਾ ਏ ਕਿ ਵਿਦਿਆਰਥੀ, ਜ਼ਿੰਮੇਵਾਰ ਨਾਗਰਿਕਤਾ ਅਤੇ ਸਰਗਰਮ ਹਿੱਸੇਦਾਰੀ ਰਾਹੀਂ, ਇੱਕ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਅਤੇ ਇੱਕ ਸਾਫ਼, ਹਰਾ ਅਤੇ ਸਿਹਤਮੰਦ ਭਾਰਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ. ਸ੍ਰੀ ਜੋਸ਼ੀ ਨੇ ਇਹ ਗੱਲ ਅੱਜ ਦਿੱਲੀ ਯੂਨੀਵਰਸਿਟੀ ਦੇ ਗਾਰਗੀ ਕਾਲਜ ਵਿਖੇ ਦੇਸ਼ ਵਿਆਪੀ "ਇੱਕ ਦਿਨ, ਇੱਕ ਘੰਟਾ, ਇਕੱਠੇ" ਪਹਿਲਕਦਮੀ ਦੇ ਹਿੱਸੇ ਵਜੋਂ ਇੱਕ ਸ਼੍ਰਮਦਾਨ ਅਤੇ ਸਵੱਛਤਾ ਅਭਿਆਨ ਦੌਰਾਨ ਕਹੀ. ਇਸ ਮੌਕੇ, ਸਿੱਖਿਆ ਮੰਤਰੀ ਨੇ ਵਿਦਿਆਰਥੀਆਂ ਨੂੰ ਸਫਾਈ ਨਾਲ ਸੰਬੰਧਿਤ ਗਤੀਵਿਧੀਆਂ ਵਿੱਚ ਘੱਟੋ-ਘੱਟ 30 ਮਿੰਟ ਦਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

---------------------------------------------------------

ਅੱਜ ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਗੁਰੂ ਗੱਦੀ ਦਿਵਸ ਏ. ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਨੇ ਇਸ ਮੌਕੇ ਸਿੱਖ ਭਾਈਚਾਰੇ ਨੂੰ

ਵਧਾਈਆਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀਮਤੀ ਗੁਪਤਾ ਨੇ ਕਿਹਾ ਕਿ ਗੁਰੂ ਅੰਗਦ ਦੇਵ ਜੀ ਨੇ ਸੇਵਾ, ਸਮਾਨਤਾ ਅਤੇ ਮਨੁੱਖਤਾ ਦੀਆਂ ਕਦਰਾਂ-ਕੀਮਤਾਂ ਰਾਹੀਂ ਸਮਾਜ ਨੂੰ ਇੱਕ ਨਵੀਂ ਦਿਸ਼ਾ ਦਿੱਤੀ। ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਅੰਗਦ ਦੇਵ ਜੀ ਦੀਆਂ ਸਿੱਖਿਆਵਾਂ ਹਰ ਕਿਸੇ ਨੂੰ ਨਿਮਰਤਾ, ਸਦਭਾਵਨਾ ਅਤੇ ਨਿਰਸਵਾਰਥ ਸੇਵਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੀਆਂ ਨੇ. ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਇੱਕ ਸੋਸ਼ਲ ਮੀਡਿਆ ਪੋਸਟ ਵਿਚ ਸ਼੍ਰੀ ਗੁਰੂ ਅੰਗਦ ਦੇਵ ਜੀ ਦੇ ਪਾਵਨ ਗੁਰਗੱਦੀ ਦਿਵਸ ਦੀਆਂ ਸਾਰਿਆਂ ਨੂੰ ਵਧਾਈਆਂ ਦਿੱਤੀਆਂ.

---------------------------------------------------------

ਭਾਰਤ ਨੇ ਅੱਜ ਜਾਪਾਨ ਏਸ਼ੀਆਈ ਖੇਡਾਂ ਵਿੱਚ ਦੋ ਚਾਂਦੀ ਦੇ ਅਤੇ ਤਿੰਨ ਕਾਂਸੀ ਦੇ ਤਮਗੇ ਜਿੱਤੇ ਨੇ.  ਮਨੂ ਫਰਾਂਸਿਸ ਅਤੇ ਪ੍ਰਿੰਸ ਕੁਰੀਸਿੰਕਲ ਨੋਬਲ ਨੇ ਸੇਲਿੰਗ ਵਿੱਚ ਮਰਦਾਂ  ਦੇ ਸਕਿੱਫ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਅਤੇ ਨਿਤੇਸ਼ ਸਿਵਾਚ ਨੇ ਕੁਸ਼ਤੀ ਵਿੱਚ ਗ੍ਰੀਕੋ-ਰੋਮਨ 97 ਕਿਲੋਗ੍ਰਾਮ ਵਰਗ ਵਿੱਚ ਚਾਂਦੀ ਦਾ ਤਮਗਾ ਹਾਸਿਲ ਕੀਤਾ. ਇਸ ਦੌਰਾਨ, ਗਣੇਸ਼ ਮਣੀਰਤਨਮਤਿਰੁਮੁਰੂ ਨੇ ਮਰਦਾਂ ਦੇ ਵਿਅਕਤੀਗਤ ਕੰਪਾਊਂਡ ਤੀਰਅੰਦਾਜ਼ੀ ਮੁਕਾਬਲੇ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਸਕੁਐਸ਼ ਵਿੱਚ, ਭਾਰਤ ਦੀ ਮਰਦਾਂ ਅਤੇ ਔਰਤਾਂ ਦੀਆਂ ਟੀਮਾਂ ਨੇ ਕਾਂਸੀ ਦੇ ਤਮਗੇ ਜਿੱਤੇ। ਭਾਰਤ ਦੀ ਮਰਦਾਂ ਦੀ ਕ੍ਰਿਕੇਟ ਟੀਮ ਨੇ ਸ਼੍ਰੀਲੰਕਾ ਨੂੰ

ਹਰਾਇਆ ਅਤੇ ਮਰਦਾਂ ਦੀ ਹਾਕੀ ਟੀਮ ਨੇ ਪਾਕਿਸਤਾਨ ਨੂੰ ਹਰਾ ਕੇ ਫਾਈਨਲ ਵਿੱਚ ਥਾਂ ਬਣਾਈ.

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼ "ਰਿਫਾਰਮ ਐਕਸਪ੍ਰੈਸ" 'ਤੇ ਤੇਜ਼ੀ ਨਾਲ ਅੱਗੇ ਵਧ ਰਿਹਾ ਏ, ਉਨ੍ਹਾਂ ਨਵੀਂ ਦਿੱਲੀ ਵਿੱਚ ਯੂ ਪੀ ਐਸ ਸੀ ਦੇ ਸ਼ਤਾਬਦੀ ਸਮਾਰੋਹ ਨੂੰ ਸੰਬੋਧਨ ਕੀਤਾ।

- ਸਰਕਾਰ ਵਲੋਂ ਦਿਵਯਾਂਗਜਨ ਅਤੇ PwD ਵਾਹਨਾਂ ਲਈ ਛੋਟ ਵਾਲੇ FASTags ਜਾਰੀ ਕਰਨ ਲਈ ਦਿਸ਼ਾ-ਨਿਰਦੇਸ਼ਾਂ ‘ਚ ਸੋਧ ਕੀਤੀ ਗਈ ਏ.

- ਭਾਰਤੀ ਸੁਰੱਖਿਆ ਏਜੰਸੀਆਂ ਨੇ ਹਰਵਿੰਦਰ ਕੁਮਾਰ ਉਰਫ਼ ਸੋਨੂੰ ਬਰਨਾਲਾ ਨੂੰ ਭਾਰਤ ਵਾਪਿਸ ਲਿਆਉਣ ਵਿੱਚ ਸਫਲਤਾ ਹਾਸਿਲ ਕੀਤੀ ਏ।

- ਕੇਂਦਰੀ ਸਿੱਖਿਆ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਹਾ ਏ ਕਿ ਵਿਦਿਆਰਥੀ, ਇੱਕ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ.

- ਭਾਰਤ ਨੇ ਅੱਜ ਜਾਪਾਨ ਏਸ਼ਿਆਈ ਖੇਡਾਂ ਵਿੱਚ ਦੋ ਚਾਂਦੀ ਦੇ ਅਤੇ ਤਿੰਨ ਕਾਂਸੀ ਦੇ ਤਮਗੇ ਜਿੱਤੇ ਨੇ.

---------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ. ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸਵੇਰੇ ਸਾਢੇ 8 ਵਜੇ ਹੋਵੇਗਾ.**

**ਨਮਸਕਾਰ!**